# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-06-2024**

- 18ਵੀਂ ਲੋਕਸਭਾ ਦਾ ਪਹਿਲਾ ਇਜਲਾਸ ਕੱਲ੍ਹ ਤੋਂ ਸ਼ੁਰੂ ਹੋਵੇਗਾ- ਪਹਿਲੇ ਦਿਨ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਨੂੰ ਸਹੁੰ ਚੁਕਾਈ ਜਾਵੇਗੀ।
- ਨੀਟ ਪ੍ਰੀਖਿਆ ਵਿੱਚ ਬੇਨਿਯਮੀਆਂ ਦੇ ਦੋਸ਼ਾਂ ਦਰਮਿਆਨ, ਕੌਮੀ ਪ੍ਰੀਖਿਆ ਏਜੰਸੀ ਦੇ ਮੁਖੀ ਸੁਬੋਧ ਕੁਮਾਰ ਸਿੰਘ ਨੂੰ ਅਹੁਦੇ ਤੋਂ ਹਟਾਇਆ ਗਿਆ।
- ਪੰਜਾਬ ਭਰ ਵਿਚ ਜਨ ਸੰਘ ਦੇ ਸੰਸਥਾਪਕ, ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਟ ਕੀਤੀ ਗਈ।
- ਪੰਜਾਬ ‘ਚ ਹੁਣ ਪਹਿਲੀ ਜੁਲਾਈ ਤੋਂ ਬਾਅਦ, ਕਿਸੇ V.V.I.P ਨੂੰ ਮੁਫ਼ਤ ‘ਚ ਸੁਰੱਖਿਆ ਨਹੀਂ ਦਿੱਤੀ ਜਾਵੇਗੀ।

- ਮੌਸਮ ਵਿਭਾਗ ਵਲੋਂ 24 ਅਤੇ 25 ਜੂਨ ਲਈ, ਹੀਟਵੇਵ ਬਾਰੇ ਚੇਤਾਵਨੀ ਜਾਰੀ ਪਰ 26 ਜੂਨ ਤੋਂ ਮਾਨਸੂਨ ਨਾਲ ਰਾਹਤ ਦੀ ਸੰਭਾਵਨਾ।

---------------------------------------------------------------

18ਵੀਂ ਲੋਕ ਸਭਾ ਦਾ ਪਹਿਲਾ ਇਜਲਾਸ ਕੱਲ੍ਹ ਤੋਂ ਸ਼ੁਰੂ ਹੋ ਰਿਹਾ ਏ। ਸੈਸ਼ਨ ਦੌਰਾਨ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਨੂੰ ਸਹੁੰ ਚੁਕਾਈ ਜਾਵੇਗੀ। BJP ਦੇ ਸੀਨੀਅਰ ਸੰਸਦ ਮੈਂਬਰ ਭਰਤ ਹਰੀ ਮਹਿਤਾਬ ਨਵੇਂ ਲੋਕ ਸਭਾ ਸੰਸਦ ਮੈਂਬਰਾਂ ਨੂੰ ਸਹੁੰ ਚੁਕਾਉਣਗੇ। ਸ੍ਰੀ ਮਹਿਤਾਬ ਨੂੰ ਆਰਜ਼ੀ ਸਪੀਕਰ ਬਣਾਇਆ ਗਿਆ ਏ। ਨਵੀਂ ਲੋਕ ਸਭਾ ਦੇ ਸਪੀਕਰ ਦੀ ਚੋਣ 26 ਜੂਨ ਨੂੰ ਹੋਵੇਗੀ। 27 ਜੂਨ ਨੂੰ ਲੋਕ ਸਭਾ ਅਤੇ ਰਾਜ ਸਭਾ ਦਾ ਸਾਂਝਾ ਇਜਲਾਸ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਸੰਬੋਧਨ ਨਾਲ ਸ਼ੁਰੂ ਹੋਵੇਗਾ। ਇਹ ਇਜਲਾਸ 3 ਜੁਲਾਈ ਤੱਕ ਚੱਲੇਗਾ।

---------------------------------------------------------------

ਪ੍ਰੀਖਿਆ ਦੇ ਨਤੀਜਿਆਂ ਨੂੰ ਲੈ ਕੇ ਖੜੇ ਹੋਏ ਵਿਵਾਦ ਵਿਚਕਾਰ, ਕੌਮੀ ਪ੍ਰੀਖਿਆ ਏਜੰਸੀ - NTA ਦੇ ਡਾਇਰੈਕਟਰ ਜਨਰਲ ਸੁਬੋਧ ਕੁਮਾਰ ਸਿੰਘ ਨੂੰ, ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਏ। ਭਾਰਤੀ ਵਪਾਰ ਤਰੱਕੀ ਸੰਗਠਨ ਦੇ ਚੇਅਰਮੈਨ ਅਤੇ ਪ੍ਰਬੰਧ ਨਿਦੇਸ਼ਕ ਪ੍ਰਦੀਪ ਸਿੰਘ

ਖਰੋਲਾ ਨੂੰ ਕੌਮੀ ਪ੍ਰੀਖਿਆ ਏਜੰਸੀ ਦੇ ਡਾਇਰੈਕਟਰ ਜਨਰਲ ਦਾ ਵਾਧੂ ਚਾਰਜ ਸੌਂਪਿਆ ਗਿਆ ਏ । ਓਧਰ ਸਿੱਖਿਆ ਮੰਤਰਾਲੇ ਨੇ, ਕਥਿਤ ਬੇਨਿਯਮੀਆਂ ਦੀ ਜਾਂਚ, ਕੇਂਦਰੀ ਜਾਂਚ ਬਿਊਰੋ ਨੂੰ ਸੌਂਪ ਦਿੱਤੀ ਏ । ਮੰਤਰਾਲੇ ਨੇ ਕਿਹਾ ਕਿ ਜੇਕਰ ਕੋਈ ਵਿਅਕਤੀ ਜਾਂ ਸੰਸਥਾ, ਇਸ ਵਿੱਚ ਸ਼ਾਮਲ ਪਾਈ ਗਈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ । ਕੌਮੀ ਪ੍ਰੀਖਿਆ ਏਜੰਸੀ ਨੇ 5 ਮਈ ਨੂੰ ਨੀਟ-UG ਪ੍ਰੀਖਿਆ ਕਰਵਾਈ ਸੀ । ਨਤੀਜਾ ਆਉਣ ਤੋਂ ਬਾਅਦ ਪ੍ਰੀਖਿਆ 'ਚ ਬੇਨਿਯਮੀਆਂ ਅਤੇ ਧੋਖਾਧੜੀ ਦੇ ਦੋਸ਼ ਲੱਗੇ ਸਨ ।

-----------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਦੀ ਲੋੜ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ । ਬਠਿੰਡਾ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ ਨੇ ਇਨਾਂ ਕਾਨੂੰਨਾਂ ਬਾਰੇ ਜਾਣਕਾਰੀ ਦੀਦਿਆਂ ਕਿਹਾ ।

-----------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ BJP ਪ੍ਰਧਾਨ ਜਗਤ ਪ੍ਰਕਾਸ਼ ਨੱਡਾ

ਨੇ, ਉੱਘੇ ਚਿੰਤਕ ਅਤੇ ਸਿੱਖਿਆ ਸ਼ਾਸਤਰੀ ਡਾਕਟਰ ਸਿਆਮਾ ਪ੍ਰਸਾਦ ਮੁਖਰਜੀ ਨੂੰ, ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਡਾਕਟਰ ਮੁਖਰਜੀ ਨੇ ਆਪਣਾ ਜੀਵਨ, ਭਾਰਤ ਮਾਤਾ ਦੀ ਸੇਵਾ ਲਈ ਸਮਰਪਿਤ ਕੀਤਾ ਸੀ । ਇਸ ਮੌਕੇ ਸ਼੍ਰੀ ਨੱਡਾ ਨੇ ਨਵੀਂ ਦਿੱਲੀ ਸਥਿਤ, BJP ਹੈੱਡ-ਕੁਆਰਟਰ ਵਿਖੇ ਬੂਟੇ ਵੰਡੇ । ਉਨ੍ਹਾਂ ਕਿਹਾ ਕਿ ਡਾ: ਮੁਖਰਜੀ ਬੇਮਿਸਾਲ ਪ੍ਰਤਿਭਾ ਦੇ ਮਾਲਕ ਸਨ । ਉਹ ਸਾਰੀ ਉਮਰ, ਦੇਸ਼ ਭਗਤ ਅਤੇ ਸਿੱਖਿਆ ਸ਼ਾਸਤਰੀ ਰਹੇ ਅਤੇ ਹਮੇਸ਼ਾ ਸਮਾਜਿਕ ਨਿਆਂ ਲਈ ਲੜਦੇ ਰਹੇ ।

-----------------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਕਾਰਜਕਾਰਨੀ ਮੈਂਬਰ ਅਤੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਨੇ ਅੱਜ ਏਕਤਾ ਸਥਲ ਮਾਧੋਪੁਰ ਵਿਖੇ, ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਦੀ ਬਰਸੀ ਮੌਕੇ, ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ । ਸ਼੍ਰੀ ਕਾਲੀਆ ਨੇ ਕਿਹਾ ਕਿ ਉਨ੍ਹਾਂ ਨੇ ਭਾਰਤ ਦੀ ਏਕਤਾ ਅਤੇ ਅਖੰਡਤਾ ਲਈ, ਆਪਣੀ ਜਾਨ ਕੁਰਬਾਨ ਕਰ ਦਿੱਤੀ । ਸੰਵਿਧਾਨ ਦੀਆਂ ਧਾਰਾਵਾਂ 370 ਅਤੇ 35 -A ਨੂੰ ਰੱਦ ਕਰਕੇ, ਪ੍ਰਧਾਨ ਮੰਤਰੀ

ਨਰੇਂਦਰ ਮੋਦੀ ਨੇ, ਅਮਰ ਸ਼ਹੀਦ ਡਾ. ਸ਼ਿਆਮਾ ਪ੍ਰਦਾਦ ਮੁਖਰਜੀ ਦੇ ਸੁਪਨੇ ਨੂੰ ਪੂਰਾ ਕੀਤਾ।

----------------------------------------------------------------

ਏਧਰ ਜਲੰਧਰ ਤੋਂ BJP ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਦੀ ਪ੍ਰਧਾਨਗੀ ਹੇਠ, ਗੋਪਾਲ ਨਗਰ ਸਥਿਤ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਹਸਪਤਾਲ ਵਿਖੇ, ਜਨ ਸੰਘ ਦੇ ਸੰਸਥਾਪਕ ਸ਼ਹੀਦ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਨੂੰ, ਉਨ੍ਹਾਂ ਦੀ ਬਰਸੀ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਨ੍ਹਾਂ ਦੇ ਬੁੱਤ 'ਤੇ ਹਾਰ ਪਾ ਕੇ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸੁਸ਼ੀਲ ਸ਼ਰਮਾ ਨੇ ਕਿਹਾ ਕਿ ਡਾ: ਸ਼ਿਆਮਾ ਪ੍ਰਸਾਦ ਮੁਖਰਜੀ ਨੇ ਆਜ਼ਾਦੀ ਸੰਗਰਾਮ ਵਿਚ ਅਹਿਮ ਭੂਮਿਕਾ ਨਿਭਾਈ ਸੀ। ਉਨ੍ਹਾਂ ਕਿਹਾ ਕਿ ਡਾ: ਸ਼ਿਆਮਾ ਮੁਖਰਜੀ ਨੇ ਦੇਸ਼ ਦੀ ਅਖੰਡਤਾ ਅਤੇ ਏਕਤਾ ਤੋਂ ਵੱਧ ਕੁਝ ਵੀ ਮਹੱਤਵਪੂਰਨ ਨਹੀਂ ਸੀ ਅਤੇ ਇਸ ਲਈ ਉਨ੍ਹਾਂ ਨੇ ਆਪਣੀ ਜਾਨ ਵੀ ਕੁਰਬਾਨ ਕਰ ਦਿੱਤੀ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਵਿਚਾਰ ਰਾਸ਼ਟਰੀ ਭਲਾਈ ਤੋਂ ਲੈ ਕੇ, ਉਦਯੋਗਿਕ ਖੇਤਰ ਦੇ ਵਿਕਾਸ ਲਈ ਹਮੇਸ਼ਾ ਪ੍ਰੇਰਨਾ ਦਿੰਦੇ ਰਹਿਣਗੇ। ਇਸ ਮੌਕੇ BJP ਦੇ ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ ਨੇ ਕਿਹਾ ਕਿ ਡਾ: ਸ਼ਿਆਮਾ ਪ੍ਰਸਾਦ ਇਕ ਸੱਚੇ ਰਾਸ਼ਟਰਵਾਦੀ ਅਤੇ ਦੇਸ਼ ਭਗਤ ਸਨ ਤੇ ਰਾਸ਼ਟਰ ਉਨ੍ਹਾਂ ਦੇ ਮਹਾਨ ਯੋਗਦਾਨ ਨੂੰ ਕਦੇ

ਨਹੀਂ ਭੁੱਲੇਗਾ। ਸੂਬਾ ਮੀਤ ਪ੍ਰਧਾਨ ਕੇ. ਡੀ. ਭੰਡਾਰੀ ਨੇ ਕਿਹਾ ਕਿ ਡਾ: ਸ਼ਿਆਮਾ ਪ੍ਰਸਾਦ ਸਾਡੇ ਆਦਰਸ਼ ਨੇ ਅਤੇ ਅੱਜ ਕੇਂਦਰ ਦੀ BJP ਸਰਕਾਰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਰਹੀ ਏ । ਇਸ ਮੌਕੇ ਹੋਰ ਪਤਵੰਤੇ ਵੀ ਮੌਜੂਦ ਰਹੇ ।

---------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸੰਧਵਾ ਨੇ ਕਿਹਾ ਏ ਕਿ ਭਾਰਤ ਦੇ ਸੁਤੰਤਰਤਾ ਸੰਗਰਾਮ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ ਵਾਲੇ 104 ਵਰ੍ਹਿਆਂ ਦੇ ਜਗਦੀਸ਼ ਪ੍ਰਸਾਦ ਦੀਆਂ ਸੇਵਾਵਾਂ ਨੂੰ ਇਤਿਹਾਸ ਹਮੇਸ਼ਾ ਯਾਦ ਰੱਖੇਗਾ ।ਸਪੀਕਰ ਕੁਲਤਾਰ ਸੰਧਵਾ, ਸੁਤੰਤਰਤਾ ਸੰਗਰਾਮੀ ਦੇ ਸਦੀਵੀ ਵਿਛੋੜੇ ਮਗਰੋਂ ਅੱਜ ਉਨ੍ਹਾਂ ਦੇ ਘਰ ਪੁਜੇ ਸਨ। ਉਨ੍ਹਾਂ ਕਿਹਾ ਕਿ ਭਾਰਤ ਦੇ ਇਨ੍ਹਾਂ ਮਹਾਨ ਸਪੂਤਾਂ ਦੀ ਬਦੌਲਤ ਹੀ ਅਸੀਂ ਅੱਜ ਇੱਕ ਆਜ਼ਾਦ ਦੇਸ਼ ਦੇ ਨਾਗਰਿਕ ਹੋਣ ਦਾ ਮਾਣ ਪ੍ਰਾਪਤ ਕਰ ਸਕੇ ਹਾਂ। ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ੍ਰੀ ਸੰਧਵਾ ਨੇ ਕਿਹਾ ਕਿ ਉਨ੍ਹਾਂ ਦਾ ਚਲੇ ਜਾਣਾ ਪਰਿਵਾਰ ਲਈ ਹੀ ਨਹੀਂ ਸਮਾਜਕ ਖਿੱਤੇ ਵਾਸਤੇ ਵੀ ਬਹੁਤ ਵੱਡਾ ਘਾਟਾ ਏ।

---------------------------------------------------

ਪੰਜਾਬ ‘ਚ ਹੁਣ ਪਹਿਲੀ ਜੁਲਾਈ ਤੋਂ ਬਾਅਦ, ਕਿਸੇ ਵੀ. ਵੀ. ਆਈ. ਪੀ.

ਨੂੰ ਮੁਫ਼ਤ ‘ਚ ਸੁਰੱਖਿਆ ਨਹੀਂ ਦਿੱਤੀ ਜਾਵੇਗੀ। ਪੰਜਾਬ ਪੁਲੀਸ ਵਿਭਾਗ ਵੱਲੋਂ ਲਿਆਂਦੇ ਇੱਕ ਸੁਰੱਖਿਆ ਸੰਬੰਧੀ ਡਰਾਫ਼ਟ ‘ਚ ਕਿਹਾ ਗਿਆ ਏ ਕਿ ਹੁਣ ਕਿਸੇ ਵੀ ਨੇਤਾ, ਧਾਰਮਿਕ ਲੀਡਰ, ਵਪਾਰੀਆਂ ਫਿਲਮੀ ਹਸਤੀ ਨੂੰ ਸਿਫ਼ਾਰਸ਼ੀ ਸੁਰੱਖਿਆ ਨਹੀਂ ਦਿੱਤੀ ਜਾਵੇਗੀ । ਹੁਣ ਤਿੰਨ ਲੱਖ ਰੁਪਏ ਮਹੀਨਾ ਆਮਦਨ ਵਾਲੇ ਨੂੰ ਪੈਸੇ ਦੇਕੇ ਸੁਰੱਖਿਆ ਲੈਣੀ ਪਵੇਗੀ। ਹਿੰਦੁਸਥਾਨ ਖਬਰ ਏਜੇਂਸੀ ਮੁਤਾਬਿਕ ਪੰਜਾਬ ਵਿੱਚ ਸਰਕਾਰੀ ਧਿਰ ਨਾਲ ਸੰਬੰਧਿਤ ਆਮ ਲੋਕਾਂ ਨੂੰ ਬਿਨਾਂ ਕਿਸੇ ਕਾਰਨ ਲੋਕਾਂ ‘ਚ ਆਪਣਾ ਰੁਤਬਾ ਬਨਾਉਣ ਲਈ ਹੀ ਸੁਰੱਖਿਆ ਦੇ ਦਿੱਤੀ ਜਾਂਦੀ ਰਹੀ ਏ, ਜਿਸ ਸੰਬੰਧੀ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਇੱਕ ਰਿੱਟ ਪਟੀਸ਼ਨ ਦੇ ਮਾਮਲੇ ਵਿੱਚ, ਪੰਜਾਬ ਸਰਕਾਰ ਨੂੰ ਪੁੱਛਿਆ ਗਿਆ ਸੀ ਕਿ ਸੁਰੱਖਿਆ ਦਾ ਪੈਮਾਨਾ ਕੀ ਏ। ਹੁਣ ਇਸਦੇ ਜਵਾਬ ਵਿੱਚ ਪੰਜਾਬ ਵਿਭਾਗ ਨੇ ਆਪਣੀ ਡਰਾਫ਼ਟ ਨੀਤੀ ਅਦਾਲਤ ਨੂੰ ਸੌਂਪੀ ਏ, ਜਿਸ ਮੁਤਾਬਿਕ ਹੁਣ ਸਿਰਫ ਮੰਤਰੀ, MLA ਤੇ ਸੀਨੀਅਰ ਜੱਜਾਂ ਜਾਂ ਫਿਰ ਅੱਤਵਾਦੀ ਧਮਕੀ ਕਾਰਨ ਹੀ ਸਰਕਾਰੀ ਸੁਰੱਖਿਆ ਦਿੱਤੀ ਜਾਵੇਗੀ।

---------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ 58 ਲੱਖ 93 ਹਜ਼ਾਰ ਤੋਂ ਵੱਧ ਪਸ਼ੂਆਂ ਨੂੰ ਮੂੰਹ-ਖੁਰ ਅਤੇ ਗਲਘੋਟੂ ਦੀ ਬਿਮਾਰੀ ਤੋਂ ਬਚਾਉਣ ਲਈ ਟੀਕੇ ਲਗਾਏ ਜਾ ਚੁੱਕੇ ਨੇ। ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ 30 ਜੂਨ ਤੋਂ ਪਹਿਲਾਂ ਪਹਿਲਾਂ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਲਈ ਕੁੱਲ 65 ਲੱਖ 47 ਹਜ਼ਾਰ 407 ਪਸ਼ੂਧਨ ਦਾ ਟੀਕਾਕਰਨ ਕੀਤਾ ਜਾਵੇ। ਪਸ਼ੂਆਂ ਨੂੰ ਅਜਿਹੀਆਂ ਘਾਤਕ ਅਤੇ ਜਾਨਲੇਵਾ ਬਿਮਾਰੀਆਂ ਤੋਂ ਬਚਾਉਣ ਲਈ ਪਸ਼ੂ ਪਾਲਕਾਂ ਨੂੰ ਇਸ ਮੁਹਿੰਮ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕਰਦਿਆਂ, ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਪਸ਼ੂ ਪਾਲਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਏ। ਉਨ੍ਹਾਂ ਦੱਸਿਆ ਕਿ ਸਾਰੇ ਫੀਲਡ ਸਟਾਫ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ ਕਿ ਇਕ ਵੀ ਪਸ਼ੂ, ਟੀਕਾਕਰਨ ਹੋਣ ਤੋਂ ਵਾਂਝਾ ਨਾ ਰਹਿ ਜਾਵੇ ਕਿਉਂਕਿ ਇਹ ਬਿਮਾਰੀਆਂ ਪਸ਼ੂਆਂ ਦੀ ਸਰੀਰਕ ਸਮਰੱਥਾ ਦੇ ਨਾਲ ਦੁੱਧ ਦੀ ਪੈਦਾਵਾਰ ਵੀ ਘਟਾਉਂਦੀਆਂ ਨੇ। ਉਨ੍ਹਾਂ ਦੱਸਿਆ ਕਿ ਹੁਣ

ਤੱਕ 90 ਫੀਸਦੀ ਤੋਂ ਵੱਧ ਪਸ਼ੂਆਂ ਨੂੰ ਮੂੰਹ-ਖੁਰ ਤੋਂ ਅਤੇ 85.3 ਫੀਸਦੀ ਪਸ਼ੂਆਂ ਨੂੰ ਗਲਘੋਟੂ ਤੋਂ ਬਚਾਅ ਲਈ ਵੈਕਸੀਨ ਦੀ ਡੋਜ਼ ਦਿੱਤੀ ਜਾ ਚੁੱਕੀ ਏ । ਉਨ੍ਹਾਂ ਦੱਸਿਆ ਕਿ ਇਹ ਦੋਵੇਂ ਵੈਕਸੀਨ ਸੂਬੇ ਦੀਆਂ ਸਾਰੀਆਂ ਵੈਟਰਨਰੀ ਸੰਸਥਾਵਾਂ ਵਿੱਚ ਉਪਲਬਧ ਹਨ ਅਤੇ ਕੋਈ ਵੀ ਪਸ਼ੂ ਪਾਲਕ ਟੀਕਾਕਰਨ ਲਈ ਆਪਣੀ ਨੇੜਲੀ ਵੈਟਰਨਰੀ ਸੰਸਥਾ ਨਾਲ ਸੰਪਰਕ ਕਰ ਸਕਦਾ ਏ। ਉਨ੍ਹਾਂ ਨੇ ਟੀਕਾਕਰਨ ਮੁਹਿੰਮ ਨਾਲ ਜੁੜੇ ਫੀਲਡ ਸਟਾਫ ਨੂੰ ਸਪੱਸ਼ਟ ਤੌਰ ’ਤੇ ਕਿਹਾ ਕਿ ਟੀਕਾਕਰਨ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ।

---------------------------------------------------------------

ਸਮਾਜਿਕ ਸੁਰੱਖਿਆ, ਔਰਤ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ, ਬੀਤੇ ਦਿਨੀਂ ਫ਼ਰੀਦਕੋਟ ਦੇ ਆਬਜ਼ਰਵੇਸ਼ਨ ਹੋਮ ਅਤੇ ਪਲੇਸ ਆਫ਼ ਸੇਫਟੀ ਦਾ ਦੌਰਾ ਕੀਤਾ ਅਤੇ ਉੱਥੇ ਰਹਿੰਦੇ ਲੜਕਿਆਂ ਦੇ ਸਸ਼ਕਤੀਕਰਨ ਲਈ ਕਈ ਨਵੀਆਂ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ। ਡਾ. ਬਲਜੀਤ ਕੌਰ ਨੇ ਉਨ੍ਹਾਂ ਦੇ ਹੁਨਰ ਨੂੰ ਹੋਰ ਨਿਖਾਰਨ ਅਤੇ ਉਨ੍ਹਾਂ ਨੂੰ ਬਿਹਤਰ ਭਵਿੱਖ ਲਈ ਤਿਆਰ ਕਰਨ ਵਾਸਤੇ ਹੁਨਰ ਵਿਕਾਸ

ਪ੍ਰੋਗਰਾਮ ਸ਼ੁਰੂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਨੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੌਜੂਦਾ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਸਟਾਫ਼ ਨੂੰ ਅਗਲੇ 15 ਦਿਨਾਂ ਦੇ ਅੰਦਰ-ਅੰਦਰ ਕਿਸੇ ਵੀ ਕਮੀ ਨੂੰ ਦੂਰ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਉਹਨਾਂ ਨੇ ਮਨੋਰੰਜਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ, ਇੱਕ ਵਿਆਪਕ ਸਿਹਤ ਜਾਂਚ ਕੈਂਪ ਲਗਾਉਣ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਨੂੰ ਸ਼ਾਮਲ ਕਰਨ ਲਈ ਵੀ ਕਿਹਾ। ਮੰਤਰੀ ਨੇ ਦੱਸਿਆ ਕਿ ਮੌਜੂਦਾ ਸਮੇਂ ਆਬਜ਼ਰਵੇਸ਼ਨ ਹੋਮ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੇ 60 ਤੋਂ ਵੱਧ ਲੜਕੇ ਰਹਿ ਰਹੇ ਨੇ , ਜਿਨ੍ਹਾਂ ਤੇ ਕਾਨੂੰਨੀ ਅਪਰਾਧਾਂ ਦੇ ਮਾਮਲਿਆਂ ਵਿੱਚ ਦੋਸ਼ ਲਗਾਇਆ ਗਿਆ ਏ ਅਤੇ 18 ਤੋਂ 21 ਸਾਲ ਦੀ ਉਮਰ ਵਰਗ ਦੇ ਪਲੇਸ ਆਫ਼ ਸੇਫ਼ਟੀ ਵਿਖੇ ਰਹਿ ਰਹੇ ਨੇ।

---------------------------------------------------------

ਭਾਰਤ ਦੀ ਸ੍ਰੀਜਾ ਅਕੁਲਾ ਵਿਸ਼ਵ ਟੇਬਲ ਟੈਨਿਸ ਕੰਟੇਂਡਰ ਚੈਂਪੀਅਨਸ਼ਿਪ ਦੇ ਸਿੰਗਲਜ਼ ਫਾਈਨਲ ਵਿੱਚ ਪਹੁੰਚਣ ਵਾਲੀ ਪਹਿਲੀ ਭਾਰਤੀ ਖਿਡਾਰਣ ਬਣ ਗਈ ਏ। ਸ੍ਰੀਜਾ ਨੇ ਨਾਈਜੀਰੀਆ ਦੇ ਲਾਗੋਸ ਵਿੱਚ ਹੋਏ ਮੁਕਾਬਲੇ ਦੇ ਸਿੰਗਲ ਅਤੇ ਡਬਲਜ਼ ਦੋਵਾਂ ਵਰਗਾਂ ਦੇ

ਫਾਈਨਲ ਵਿੱਚ ਥਾਂ ਬਣਾਈ ਏ। ਪਹਿਲੇ ਸਿੰਗਲ ਸੈਮੀ-ਫਾਈਨਲ 'ਚ ਉਸ ਨੇ ਆਪਣੇ ਹੀ ਦੇਸ਼ ਦੀ ਸੁਤੀਰਥਾ ਮੁਖਰਜੀ ਨੂੰ 3-2 ਨਾਲ ਹਰਾਇਆ ਅਤੇ ਫਿਰ ਦੂਜੇ ਸੈਮੀ-ਫਾਈਨਲ 'ਚ ਚੀਨ ਦੀ ਡਿੰਗ ਯੀ.ਜੀ ਨੇ ਭਾਰਤ ਦੀ ਆਈਕਾ ਮੁਖਰਜੀ ਨੂੰ ਹਰਾਇਆ। ਹੁਣ ਸ੍ਰੀਜਾ ਅਤੇ ਡਿੰਗ ਯੀਜੀ ਅੱਜ ਸ਼ਾਮ ਸਿੰਗਲਜ਼ ਫਾਈਨਲ ਵਿੱਚ ਖੇਡਣਗੇ।

---------------------------------------------------------

ਕੁਝ ਦਿਨਾਂ ਦੀ ਰਾਹਤ ਤੋਂ ਬਾਅਦ ਪੰਜਾਬ 'ਚ ਇਕ ਵਾਰ ਫਿਰ ਤਾਪਮਾਨ ਵਧਦਾ ਜਾ ਰਿਹਾ ਏ। ਇੱਕ ਦਿਨ ਵਿੱਚ ਔਸਤਨ 3.2 ਡਿਗਰੀ ਦਾ ਵਾਧਾ ਹੋਇਆ ਏ। ਮੌਸਮ ਵਿਭਾਗ ਨੇ 24 ਅਤੇ 25 ਜੂਨ ਲਈ ਹੀਟਵੇਵ ਬਾਰੇ ਚੇਤਾਵਨੀ ਜਾਰੀ ਕੀਤੀ ਏ ਪਰ 26 ਜੂਨ ਤੋਂ ਮਾਨਸੂਨ ਨਾਲ ਰਾਹਤ ਵੀ ਮਿਲੇਗੀ। ਮੌਸਮ ਵਿਭਾਗ ਅਨੁਸਾਰ ਅੱਜ ਵੀ ਤਾਪਮਾਨ ਵਿੱਚ ਮਾਮੂਲੀ ਵਾਧਾ ਦੇਖਣ ਨੂੰ ਮਿਲਿਆ। 24-25 ਜੂਨ ਨੂੰ ਪੰਜਾਬ ਦੇ ਜ਼ਿਆਦਾਤਰ ਸ਼ਹਿਰਾਂ ਦਾ ਤਾਪਮਾਨ 40 ਤੋਂ 45 ਡਿਗਰੀ ਦੇ ਵਿਚਕਾਰ ਦਰਜ ਕੀਤਾ ਜਾਵੇਗਾ। ਇਸ ਕਾਰਨ ਹੀਟਵੇਵ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਗਰਮੀ ਦੀ ਲਹਿਰ ਦਾ ਅਸਰ ਸਿਰਫ਼ ਦੋ ਦਿਨ ਹੀ ਰਹੇਗਾ। ਪੰਜਾਬ ਵਿੱਚ 26 ਜੂਨ ਤੋਂ ਪ੍ਰੀ-ਮਾਨਸੂਨ ਦੇ ਸਰਗਰਮ ਹੋਣ ਦੀ ਸੰਭਾਵਨਾ ਏ

। 26 ਅਤੇ 27 ਜੂਨ ਨੂੰ ਸੂਬੇ ਦੇ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਜਦਕਿ ਕਈ ਥਾਈਂ ਬੱਦਲ ਛਾਏ ਰਹਿਣ ਅਤੇ 28 ਜੂਨ ਨੂੰ ਬਹੁਤੇ ਇਲਾਕਿਆਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਏ ।